**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ**

**ਬਰਨਾਲਾ ਪੁਲੀਸ ਨੇ ਕੋਵਿਡ-19 ਖ਼ਿਲਾਫ਼ ਜੰਗ 'ਚ ਡਟੇ ਵਿਭਾਗਾਂ ਦੇ ਨਾਮ ਕੀਤੀ 'ਵਿਸ਼ਵ ਸਿਹਤ ਦਿਵਸ' ਦੀ ਸ਼ਾਮ**

*** ਪੁਲੀਸ ਵੱਲੋਂ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ, ਸਿਹਤ ਅਮਲੇ ਤੇ ਸਫਾਈ ਕਾਮਿਆਂ ਨੂੰ 'ਗਾਰਡ ਆਫ ਆਨਰ'**

*** ਡਿਪਟੀ ਕਮਿਸ਼ਨਰ ਨੇ ਪੁਲੀਸ ਤੇ ਹੋਰ ਵਿਭਾਗਾਂ ਦਾ ਕੀਤਾ ਧੰਨਵਾਦ**

ਬਰਨਾਲਾ, 8 ਅਪਰੈਲ

ਜ਼ਿਲਾ ਬਰਨਾਲਾ ਪੁਲੀਸ-ਪ੍ਰਸ਼ਾਸਨ ਨੇ ਪਹਿਲਕਦਮੀ ਕਰਦੇ ਹੋਏ ਕੋਵਿਡ-19 ਵਿਰੁੱਧ ਮੂਹਰਲੀ ਕਤਾਰ ਵਿੱਚ ਡਟੇ ਹੋਏ ਡਾਕਟਰੀ ਅਮਲੇ, ਪੈਰਾਮੈਡੀਕਲ ਸਟਾਫ, ਹਸਪਤਾਲਾਂ ਦੇ ਸੈਨੇਟਰੀ ਸਟਾਫ, ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਹੋਰ ਵਿਭਾਗਾਂ ਦਾ ਹੌਸਲਾ ਵਧਾਉਂਦੇ ਹੋਏ ਉਨਾਂ ਨੂੰ ਸਲਾਮੀ ਦਿੱਤੀ ਗਈ।

ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੀ ਹਾਜ਼ਰੀ ਅਤੇ ਜ਼ਿਲਾ ਪੁਲੀਸ ਮੁਖੀ ਸ੍ਰੀ ਸੰਦੀਪ ਗੋਇਲ ਦੀ ਅਗਵਾਈ ਵਿਚ ਬਰਨਾਲਾ ਪੁਲੀਸ ਨੇ ਸਿਹਤ ਤੇ ਹੋਰ ਵਿਭਾਗ ਦੇ ਉਨਾਂ ਯੋਧਿਆਂ ਨੂੰ 'ਗਾਰਡ ਆਫ ਆਨਰ' ਦੇ ਕੇ ਸਤਿਕਾਰ ਭੇਟ ਕੀਤਾ, ਜੋ ਦਿਨ ਰਾਤ ਸੇਵਾਵਾਂ ਨਿਭਾਅ ਰਹੇ ਹਨ। ਇਹ ਸਮਾਗਮ ਸਿਵਲ ਹਸਪਤਾਲ ਬਰਨਾਲਾ ਨੇੜੇ ਭਗਤ ਨਾਮਦੇਵ ਚੌਕ 'ਚ ਕਰਵਾਇਆ ਗਿਆ, ਜਿੱਥੇ ਪੁਲੀਸ ਵੱਲੋਂ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ, ਸਿਹਤ ਹਮਲੇ, ਹੋਰ ਵਿਭਾਗਾਂ ਤੇ ਸਫਾਈ ਕਾਮਿਆਂ ਨੂੰ ਸਤਿਕਾਰ ਭੇਟ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ, ਐਸਐਸਪੀ ਸ੍ਰੀ ਸੰਦੀਪ ਗੋਇਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਰੂਹੀ ਦੁੱਗ, ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ, ਐਸਪੀ (ਡੀ) ਸ. ਸੁਖਦੇਵ ਸਿੰਘ ਵਿਰਕ, ਐਸਪੀ (ਐਚ) ਗੁਰਦੀਪ ਸਿੰਘ ਤੇ ਹੋਰ ਅਧਿਕਾਰੀਆਂ ਵੱਲੋਂ ਕੋਵਿਡ-19 ਵਿਰੁੱਧ ਜ਼ਿਲਾ ਵਾਸੀਆਂ ਨੂੰ ਸਮਰਪਿਤ ਇਕ ਗੁਬਾਰਾ ਵੀ ਛੱਡਿਆ ਗਿਆ, ਜਿਸ ਰਾਹੀਂ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਅੱਜ ਪੁਲੀਸ ਵੱਲੋਂ ਸਿਹਤ ਅਮਲੇ ਤੇ ਹੋਰ ਵਿਭਾਗਾਂ ਨੂੰ ਸਤਿਕਾਰ ਦਿੱਤਾ ਗਿਆ ਹੈ, ਜਿਸ ਨਾਲ ਇਨਾਂ ਵਿਭਾਗਾਂ ਦੇ ਹੌਸਲੇ ਹੋਰ ਬੁਲੰਦ ਹੋਏ ਹਨ, ਪਰ ਇਸ ਦੇ ਨਾਲ ਹੀ ਪੁਲੀਸ ਵਿਭਾਗ ਦਾ ਯੋਗਦਾਨ ਵੀ ਸਭ ਤੋਂ ਵੱਧ ਜ਼ਿਕਰਯੋਗ ਹੈ, ਜਿਸ ਲਈ ਬਰਨਾਲਾ ਪੁਲੀਸ ਦਾ ਉਹ ਦਿਲੋਂ ਧੰਨਵਾਦ ਕਰਦੇ ਹਨ, ਜੋ

ਸਾਰੇ ਜ਼ਿਲੇ ਦੀ ਸੁਰੱਖਿਆ ਲਈ ਡਟੇ ਹੋਏ ਹਨ। ਉਨਾਂ ਕਿਹਾ ਕਿ ਅਸੀਂ ਸਾਰੇ ਜੇ ਇਸੇ ਭਾਵਨਾ ਨਾਲ ਸੇਵਾਵਾਂ ਦਿੰਦੇ ਰਹੇ ਤਾਂ ਛੇਤੀ ਹੀ ਕਰੋਨਾ ਨੂੰ ਹਰਾ ਦੇਵਾਂਗੇ।



ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

**ਜ਼ਿਲਾ ਪ੍ਰਸ਼ਾਸਨ ਬਰਨਾਲਾ ਵੱਲੋਂ ਕੋਵਿਡ-19 ਵਿਰੁੱਧ ਪਹਿਲਕਦਮੀ**
*** ਸਿਵਲ ਹਸਪਤਾਲ ਬਰਨਾਲਾ ’ਚ ਸੈਨੇਟਾਈਜ਼ੇਸ਼ਨ ਚੈਂਬਰ ਸਥਾਪਿਤ**
*** 10 ਸੈਕਿੰਡ ਵਿਚ ਸਰੀਰ ਹੋਵੇਗਾ ਜੀਵਾਣੂ ਰਹਿਤ**

ਬਰਨਾਲਾ, 8 ਅਪਰੈਲ
ਕੋਵਿਡ 19 ਵਿਰੁੱਧ ਬਚਾਅ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਲੜੀ ਵਿਚ ਜ਼ਿਲਾ ਪ੍ਰਸ਼ਾਸਨ ਬਰਨਾਲਾ ਵੱਲੋਂ ਸਿਵਲ ਹਸਪਤਾਲ ਬਰਨਾਲਾ ਵਿਖੇ ਸੈਨੇਟਾਈਜ਼ੇਸ਼ਨ ਚੈਂਬਰ ਸਥਾਪਿਤ ਕੀਤਾ ਗਿਆ ਹੈ, ਜਿਸ ਰਾਹੀਂ 10 ਸੈਕਿੰਡ ਵਿਚ ਆਪਣੇ ਆਪ ਨੂੰ ਸੈਨੇਟਾਈਜ਼ ਕੀਤਾ ਜਾ ਸਕਦਾ ਹੈ।

ਸਿਵਲ ਹਸਪਤਾਲ, ਬਰਨਾਲਾ ਵਿਖੇ ਸਥਾਪਿਤ ਇਸ ਸੈਨੇਟਾਈਜੇਸ਼ਨ ਚੈਂਬਰ ਦਾ ਉਦਘਾਟਨ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਅਤੇ ਐਸਐਸਪੀ ਸ੍ਰੀ ਸੰਦੀਪਿ ਗੋਇਲ ਵੱਲੋਂ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਫੂਲਕਾ ਨੇ ਆਖਿਆ ਕਿ ਕਰੋਨਾ ਵਾਇਰਸ ਵਿਰੁੱਧ ਲੜਨ ਅਤੇ ਇਸ ਤੋਂ ਬਚਣ ਲਈ ਸਰੀਰ ਦਾ ਰੋਗਾਣੂ ਮੁਕਤ ਹੋਣਾ ਜ਼ਰੂਰੀ ਹੈ ਤੇ ਇਸ ਸੈਨੇਟਾਈਜੇਸ਼ਨ ਚੈਂਬਰ ਰਾਹੀਂ 10 ਸੈਕਿੰਡ ਵਿਚ ਆਪਣੇ ਆਪ ਨੂੰ ਸੈਨੇਟਾਈਜ਼ ਕੀਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਸਿਵਲ ਹਸਪਤਾਲ ਵਿਚ ਡਾਕਟਰਾਂ, ਹੋਰ ਅਮਲੇ ਤੇ ਮਰੀਜ਼ਾਂ ਲਈ ਇਹ ਚੈਂਬਰ ਵਰਦਾਨ ਸਾਬਿਤ ਹੋ ਸਕਦਾ ਹੈ। ਸਿਵਲ ਹਸਪਤਾਲ ਨੂੰ ਇਹ ਚੈਂਬਰ ਭੇਟ ਕਰਨ ਵਾਲੀ 'ਸੌਲਵਰ ਸਾਫਟਵੇਅਰ' ਕੰਪਨੀ ਦਾ ਉਨਾਂ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜੋ ਅਜਿਹੇ ਉਪਕਰਨਾਂ ਰਾਹੀਂ ਮਨੁੱਖਤਾ ਦੀ ਸੇਵਾ 'ਚ ਡਟੀ ਹੋਈ ਹੈ। ਇਸ ਮੌਕੇ 'ਸੌਲਵਰ ਸਾਫਟਵੇਅਰ' ਕੰਪਨੀ ਤੋਂ ਹਰਭਜਨ ਸਿੰਘ ਨੇ ਦੱਸਿਆ ਕਿ ਇਸ ਚੈਂਬਰ ਨੂੰ ਤਿਆਰ ਕਰਨ 'ਤੇ 10 ਤੋਂ 12 ਹਜ਼ਾਰ ਦੀ ਲਾਗਤ ਆਉਦੀ ਹੈ। ਇਸ 'ਚ ਇਕ ਬਟਨ ਲੱਗਿਆ ਹੋਇਆ ਹੈ, ਜਿਸ ਨੂੰ ਦਬਾਉਣ ਨਾਲ ਸੈਨੇਟਾਈਜ਼ੇਸ਼ਨ ਹੋਣ ਲੱਗਦੀ ਹੈ ਤੇ 10 ਸੈਕਿੰਡ ਵਿਚ ਪੂਰਾ ਸਰੀਰ ਸੈਨੇਟਾਈਜ਼ ਹੋ ਜਾਂਦਾ ਹੈ। ਉਨਾਂ ਦੱਸਿਆ ਕਿ ਇਸ ਚੈਂਬਰ ਤੋਂ ਇਲਾਵਾ ਦੋ ਹੋਰ ਚੈਂਬਰ ਸਿਵਲ ਹਸਪਤਾਲ 'ਚ ਲਾਏ ਜਾਣਗੇ ਤੇ ਇਸ ਚੈਂਬਰ ਸਬੰਧੀ ਕਿਸੇ ਵੀ ਤਰਾਂ ਦੀ ਜਾਣਕਾਰੀ ਲਈ ਉਨਾਂ ਨਾਲ 95015-44226 'ਤੇ ਸੰਪਰਕ ਕੀਤਾ ਜਾ ਸਕਦਾ ਹੈ ਤੇ ਇਸ ਚੈਂਬਰ ਨੂੰ ਤਿਆਰ ਕਰਨ 'ਚ ਉਹ ਹਰ ਸੰਭਵ ਮਦਦ ਕਰਨਗੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਰੂਹੀ ਦੁੱਗ, ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਤੇ ਹੋਰ ਅਧਿਕਾਰੀ ਹਾਜ਼ਰ ਸਨ।



ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ

ਜਦੋਂ ਤਾੜੀਆਂ ਨਾਲ ਗੂੰਜ ਉਠਿਆ ਨਗਰ ਕੌਂਸਲ ਬਰਨਾਲਾ ਦਾ ਦਫਤਰ
ਡਿਪਟੀ ਕਮਿਸ਼ਨਰ ਵੱਲੋਂ ਸਫਾਈ ਸੇਵਕਾਂ ਦਾ ਸਨਮਾਨ
ਸਫਾਈ ਕਾਮਿਆਂ ਨੂੰ ਵੰਡੇ ਮਾਸਕ ਅਤੇ ਸੈਨੇਟਾਈਜ਼ਰ
ਸੈਨੇਟਾਈਜ਼ੇਸ਼ਨ ਮੁਹਿੰਮ ਤੇਜ਼ ਕਰਨ ਲਈ ਫਾਇਰ ਟੈਂਡਰ ਰਵਾਨਾ

ਬਰਨਾਲਾ, 8 ਅਪਰੈਲ
ਜ਼ਿਲਾ ਪ੍ਰਸ਼ਾਸਨ ਬਰਨਾਲਾ ਵੱਲੋਂ ਵਿੱਢੀ ਹੌਸਲਾ ਅਫਜ਼ਾਈ ਮੁਹਿੰਮ ਤਹਿਤ ਅੱਜ ਨਗਰ ਕੌਂਸਲ ਬਰਨਾਲਾ ਦਾ ਦਫਤਰ ਉਸ ਵੇਲੇ ਤਾੜੀਆਂ ਨਾਲ ਗੂੰਜ ਉਠਿਆ, ਜਦੋਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਕੋਵਿਡ-19 ਵਿਰੁੱਧ ਜੰਗ ’ਚ ਡਟੇ ਸਫਾਈ ਸੇਵਕਾਂ ਨੂੰ ਹੱਲਾਸ਼ੇਰੀ ਦਿੱਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਰੂਹੀ ਦੁੱਗ ਨੇ ਸਫਾਈ ਸੇਵਕਾਂ ਦਾ ਗਲਾਂ ਵਿਚ ਹਾਰ ਪਾ ਕੇ ਸਨਮਾਨ ਕੀਤਾ ਅਤੇ ਉਨਾਂ ਨੂੰ ਮਾਸਕ ਅਤੇ ਸੈਨੇਟਾਈਜ਼ਰ ਵੰਡੇ। ਇਸ ਦੇ ਨਾਲ ਹੀ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਲਗਾਤਾਰ ਤਾੜੀਆਂ ਮਾਰ ਕੇ ਸਫਾਈ ਕਾਮਿਆਂ ਦੀਆਂ ਸੇਵਾਵਾਂ ਨੂੰ ਸਲਾਹਿਆ ਗਿਆ। ਇਸ ਮੌਕੇ ਐਸਡੀਐਮ ਸ. ਅਨਮੋਲ ਸਿੰਘ ਧਾਲੀਵਾਲ ਅਤੇ ਕਾਰਜਸਾਧਕ ਅਫਸਰ ਸ. ਮਨਪ੍ਰੀਤ ਸਿੰਘ ਵੀ ਹਾਜ਼ਰ ਰਹੇ।
ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਫੂਲਕਾ ਨੇ ਆਖਿਆ ਕਿ ਸਫਾਈ ਸੇਵਕ ਲਗਾਤਾਰ ਸੇਵਾਵਾਂ ਦੇ ਰਹੇ ਹਨ, ਤਾਂ ਜੋ ਸਾਡੀ ਅਵਾਮ ਬਿਮਾਰੀਆਂ ਤੋਂ ਮੁਕਤ ਰਹੇ ਅਤੇ ਸਾਡਾ ਆਲਮ ਸਾਫ ਰਹੇ। ਇਸ ਲਈ ਇਨਾਂ ਕਰਮੀਆਂ ਦੀਆਂ ਸੇਵਾਵਾਂ ਜ਼ਿਕਰਯੋਗ ਹਨ। ਉਨਾਂ ਦੱਸਿਆ ਕਿ ਬਰਨਾਲਾ ਦੇ ਸਫਾਈ ਸੇਵਕਾਂ ਦੇ ਸਨਮਾਨ ਤੋਂ ਇਲਾਵਾ ਬਾਕੀ ਨਗਰ ਕੌਂਸਲਾਂ ਜਿਵੇਂ ਤਪਾ, ਭਦੌੜ, ਧਨੌਲਾ, ਨਗਰ ਪੰਚਾਇਤ ਹੰਢਾਇਆ ਦੇ ਸਫਾਈ ਸੇਵਕਾਂ ਦੀ ਵੀ ਪੜਾਅਵਾਰ ਹੌਸਲਾ ਅਫਜ਼ਾਈ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਨੇ ਸ਼ਹਿਰ ਵਿਚ ਸੋਡੀਅਮ ਹਾਈਪੋਕਲੋਰਾਈਟ ਦੇ ਘੋਲ ਦੇ ਛੜਕਾਅ ਦੀ ਮੁਹਿੰਮ

ਤੇਜ਼ ਕਰਨ ਲਈ ਫਾਇਰ ਟੈਂਡਰ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਤੋਂ ਇਲਾਵਾ ਸ਼ਹਿਰ ਵਿਚ ਦੋ ਟਰੈਕਟਰ ਸਮੇਤ ਟੈਂਕ ਪਹਿਲਾਂ ਤੋਂ ਹੀ ਸੈਨੇਟਾਈਜ਼ੇਸ਼ਨ ਸੇਵਾਵਾਂ 'ਚ ਲਾਏ ਹੋਏ ਹਨ।

**ਸਾਰੀਆਂ ਅਹਿਮ ਥਾਵਾਂ ਨੂੰ ਸੈਨੇਟਾਈਜ਼ੇਸ਼ਨ ਮੁਹਿੰਮ ਤਹਿਤ ਲਿਆਉਣ ਲਈ ਪ੍ਰਸ਼ਾਸਨ ਨੇ ਚੁੱਕਿਆ ਕਦਮ**

ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਭਾਵੇਂ ਸਾਰੇ ਜ਼ਿਲੇ ਵਿਚ ਸੈਨੇਟਾਈਜ਼ੇਸ਼ਨ ਮੁਹਿੰਮ ਚੱਲ ਰਹੀ ਹੈ, ਪਰ ਇਸ ਨੂੰ ਹੋਰ ਸਾਰਥਕ ਬਣਾਉਣ ਲਈ ਬਰਨਾਨਾ ਨਗਰ ਕੌਂਸਲ ਵੱਲੋਂ ਨਵੀਂ ਸ਼ੁਰੂਆਤ ਕੀਤੀ ਜਾ ਰਹੀ ਹੈ। ਨਗਰ ਕੌਂਸਲ ਤਰਫੋਂ ਰੋਜ਼ਾਨਾ ਪੱਧਰ 'ਤੇ ਕੀਤੀ ਜਾਣ ਵਾਲੀ ਸੈਨੇਟਾਈਜੇਸ਼ਨ ਦਾ ਸ਼ਡਿਓੂਲ ਜਾਰੀ ਕੀਤਾ ਜਾਵੇਗਾ ਤਾਂ ਜੋ ਸ਼ਹਿਰ ਵਾਸੀਆਂ ਨੂੰ ਪਤਾ ਲੱਗ ਸਕੇ ਕਿ ਭਲਕੇ ਕਿਹੜੇ ਕਿਹੜੇ ਇਲਾਕਿਆਂ ਵਿਚ ਸੈਨੇਟਾਈਜ਼ੇਸ਼ਨ ਕਰਵਾਈ ਜਾ ਰਹੀ ਹੈ। ਇਸ ਨਾਲ ਜਿੱਥੇ ਇਸ ਮੁਹਿੰਮ ਵਿਚ ਪਾਰਦਰਸ਼ਤਾ ਆਵੇਗੀ, ਉਥੇ ਪੂਰੇ ਸ਼ਹਿਰ ਨੂੰ ਸੁਚੱਜੇ ਢੰਗ ਨਾਲ ਕਵਰ ਕੀਤਾ ਜਾ ਸਕੇਗਾ।

